# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :02-07-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜਲਦੀ ਹੀ ਪੰਜਾਬ ਦਾ ਦੌਰਾ ਕਰਨਗੇ।

- ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਕਿਹਾ -ਸੂਬੇ ਵਿੱਚ ਪਹਿਲੀ ਜੁਲਾਈ ਤੱਕ, 97.44 ਫੀਸਦ ਗਣਨਾ ਫਾਰਮਾਂ ਦੀ ਵੰਡ ਮੁਕੰਮਲ ਹੋਈ।

- ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਰਾਸ਼ਟਰੀ ਡਾਕਟਰ ਦਿਵਸ ਨੂੰ ਸਮਰਪਿਤ ਪਹਿਲੇ ਸੂਬਾ ਪੱਧਰੀ ਸਨਮਾਨ ਸਮਾਰੋਹ 'ਚ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਦੇ ਡਾਕਟਰਾਂ ਅਤੇ ਅਧਿਕਾਰੀਆਂ ਨੂੰ ਕੀਤਾ ਸਨਮਨਿਤ।

- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਬਰਾਈਟ ਮਾਈਂਡਜ਼ ਪੰਜਾਬ-2026 ਤਹਿਤ ਲੁਧਿਆਣਾ ਵਿੱਚ ਵਿਦਿਆਰਥੀਆਂ ਨਾਲ ਕੀਤਾ ਸਿੱਧਾ ਸੰਵਾਦ-ਕਿਹਾ ਸੂਬੇ ਵਿੱਚ ਜਲਦ ਹੀ AI-ਪਾਠਕ੍ਰਮ ਸ਼ੁਰੂ ਹੋਵੇਗਾ।

- ਮੌਸਮ ਵਿਭਾਗ ਵਲੋਂ ਅੱਜ ਤੋਂ 7 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ ਭਾਰੀ ਬਾਰਿਸ਼ ਬਾਰੇ ਯੈਲੋ ਅਲਰਟ ਜਾਰੀ -ਪੰਜਾਬ 'ਚ ਕਈ ਥਾਵਾਂ 'ਤੇ ਮੀਂਹ ਪਿਆ।

**ਹੁਣ ਖ਼ਬਰਾਂ ਵਿਸਥਾਰ ਨਾਲ।**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜਲਦੀ ਹੀ ਪੰਜਾਬ ਦਾ ਦੌਰਾ ਕਰਨਗੇ ਅਤੇ ਸੂਬੇ ਨੂੰ ਵੱਡੇ ਰੇਲਵੇ ਪ੍ਰੋਜੈਕਟ ਸਮਰਪਿਤ ਕਰਨਗੇ। ਇਸ ਦਾ ਖੁਲਾਸਾ ਕਰਦਿਆਂ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੂਬੇ ਦੇ ਲੋਕਾਂ ਨੂੰ ਵੀ ਸੰਬੋਧਨ ਕਰਨਗੇ।

BYTE

---------------------------------------------------

ਪੰਜਾਬ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR 25 ਜੂਨ  ਤੋਂ ਲੈ ਕੇ ਪਹਿਲੀ ਜੁਲਾਈ,  ਤੱਕ 97.44 ਫੀਸਦ ਗਣਨਾ ਫ਼ਾਰਮਾਂ ਦੀ ਵੰਡ ਕੀਤੀ ਜਾ ਚੁੱਕੀ ਏ। ਮੁੱਖ ਚੋਣ ਅਫ਼ਸਰ ਅਨਿੰਦਿਤਾ

ਮਿਤਰਾ ਨੇ ਦੱਸਿਆ ਕਿ ਪੰਜਾਬ  ਵਿੱਚ SIR ਸਬੰਧੀ ਕਾਰਵਾਈ ਬਹੁਤ ਸੁਚਾਰੂ ਢੰਗ ਨਾਲ ਚੱਲ ਰਹੀ ਏ , ਜਿਸ ਸਦਕਾ ਸੂਬੇ ਦੇ 24 ਹਜ਼ਾਰ 453 ਬੀ.ਐੱਲ.ਓਜ਼ ਵੱਲੋਂ ਘਰ-ਘਰ ਜਾ ਕੇ  1 ਜੁਲਾਈ ਤੱਕ 2 ਕਰੋੜ 9 ਲੱਖ 12 ਹਜ਼ਾਰ 619 ਵੋਟਰਾਂ ਨੂੰ ਗਣਨਾ ਫਾਰਮ ਵੰਡ ਦਿੱਤੇ ਗਏ ਹਨ। ਉਹਨਾਂ ਦੱਸਿਆ ਕਿ ਇਹ ਕੁੱਲ ਵੋਟਰਾਂ ਦਾ 97.44 ਫੀਸਦ ਬਣਦਾ ਏ ।  ਬੀ.ਐੱਲ.ਓਜ਼  ਵੋਟਰਾਂ ਨੂੰ ਗਣਨਾ ਫਾਰਮ ਵੰਡਣ ਦੇ ਨਾਲ ਨਾਲ ਫਾਰਮ ਭਰਵਾਉਣ ਵਿੱਚ ਵੀ ਮਦਦ ਕਰ ਰਹੇ ਨੇ  ਤਾਂ ਜੋ ਕਿਸੇ ਵੀ ਵੋਟਰਾਂ ਦੇ ਗਣਨਾ ਫਾਰਮ ਵਿੱਚ ਕੋਈ ਗਲਤੀ ਨਾ ਹੋ ਸਕੇ। ਉਹਨਾਂ ਦੱਸਿਆ ਕਿ ਬੀ.ਐੱਲ.ਓਜ਼ ਵੱਲੋਂ ਭਰੇ ਹੋਏ ਗਣਨਾ ਫਾਰਮ ਇੱਕਤਰ ਕਰਨ ਅਤੇ ਫਾਰਮਾਂ ਦੇ ਡਿਜੀਟਲਾਈ-ਜੇਸ਼ਨ ਦਾ ਕੰਮ ਵੀ ਸ਼ੁਰੂ ਹੋ ਗਿਆ ਏ । ਸ਼੍ਰੀਮਤੀ ਮਿਤਰਾ ਨੇ ਪੰਜਾਬ ਰਾਜ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਗਈ ਏ ਕਿ ਉਹ ਆਪਣਾ ਗਣਨਾ ਫਾਰਮ ਭਰਨ ਨੂੰ ਯਕੀਨੀ ਬਣਾਉਣ ਅਤੇ ਬੀ.ਐੱਲ.ਓਜ਼. ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਤਾਂ ਜੋ ਇਸ ਵੱਡੇ ਕਾਰਜ ਨੂੰ ਸਮੇਂ ਸਿਰ ਨੇਪਰੇ ਚਾੜ੍ਹਿਆ ਜਾ ਸਕੇ। ਘਰ-ਘਰ ਜਾ ਕੇ ਗਣਨਾ ਫਾਰਮ ਦੀ ਵੰਡ ਅਤੇ ਭਰੇ ਹੋਏ ਫਾਰਮ ਵਾਪਸ ਲੈਣ ਦਾ ਕਾਰਜ 24 ਜੁਲਾਈ ਤੱਕ ਕੀਤਾ ਜਾਵੇਗਾ।

---------------------------------------------------

ਸਿਹਤ ਮੰਤਰੀ ਡਾ ਬਲਬੀਰ ਸਿੰਘ ਨੇ ਵੱਖ ਵੱਖ ਜ਼ਿਲ੍ਹਿਆਂ ਦੇ 40 ਸਰਕਾਰੀ ਅਤੇ 8 ਨਿੱਜੀ ਹਸਪਤਾਲਾਂ ਦੇ ਡਾਕਟਰਾਂ ਨੂੰ ਸਨਮਨਿਤ ਕੀਤਾ ਏ। ਰਾਸ਼ਟਰੀ ਡਾਕਟਰ ਦਿਵਸ ਨੂੰ ਸਮਰਪਿਤ ਚੰਡੀਗੜ੍ਹ 'ਚ ਹੋਏ ਪਹਿਲੇ ਸੂਬਾ ਪੱਧਰੀ ਸਨਮਾਨ ਸਮਾਰੋਹ ਦੌਰਾਨ ਉਹਨਾਂ ਸਿਹਤ ਵਿਭਾਗ ਡਾਇਰੈਕਟੋਰੇਟ ਦੇ 7 ਅਧਿਕਾਰੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਮੈਡੀਕਲ ਸਿੱਖਿਆ 'ਚ 4 ਪੁਰਸਕਾਰ ਦਿਤੇ ਗਏ ਦਿੱਤੇ ਗਏ। ਇਸ ਮੌਕੇ ਉਹਨਾਂ ਆਪਣੇ ਸੰਬੋਧਨ ਵਿੱਚ ਡਾ ਬਲਬੀਰ ਸਿੰਘ ਨੇ ਕਿਹਾ ਕਿ ਡਾਕਟਰਾਂ ਦੇ ਕਿੱਤੇ ਨੂੰ ਰੱਬ ਵਾਂਗ ਮੰਨਿਆ ਜਾਂਦਾ ਏ ਅਤੇ ਡਾਕਟਰਾਂ ਦੀ ਮੁੱਖ ਜ਼ਿੰਮੇਵਾਰੀ ਵੀ ਬਣਦੀ ਏ ਕਿ ਉਹ ਆਪਣੇ ਨਰਮ ਸੁਭਾਅ ਨਾਲ ਆਪਣੇ ਮਰੀਜ਼ਾਂ ਨੂੰ ਪੇਸ਼ ਆਈਏ ਅਤੇ ਉਹਨਾਂ ਦੀ ਤਕਲੀਫ਼ ਨੂੰ ਘਟਾਈਏ। ਉਹਨਾਂ ਪੰਜਾਬ ਸਰਕਾਰ ਦੇ ਆਮ ਆਦਮੀ ਕਲੀਨਿਕਾਂ ਨੂੰ ਲੋਕਾਂ ਲਈ ਵਰਦਾਨ ਦਸਦਿਆਂ ਕਈ ਤਰਾਂ ਦੇ ਇਲਾਜ਼ ਬਾਰੇ ਜਾਣਕਾਰੀ ਦਿੰਦਿਆਂ ਇਸਨੂੰ ਦੇਸ਼ ਦਾ ਸਭ ਤੋਂ ਉੱਤਮ ਮਾਡਲ ਦਸਿਆ ਜਿਸ ਤੋਂ ਪ੍ਰੇਰਣਾ ਲੈ ਰਹੇ ਨੇ।

BYTE

-----------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਅਧੀਨ 619 ਮਲਟੀਪਰਪਜ਼ ਹੈਲਥ

ਵਰਕਰਾਂ (ਮਹਿਲਾ) ਦੀ ਭਰਤੀ ਕਰਨ ਅਤੇ ਉਦਯੋਗ ਵਿਭਾਗ ਵਿੱਚ ਮਹੱਤਵਪੂਰਨ ਪ੍ਰਸ਼ਾਸਨਿਕ ਤੇ ਫੀਲਡ ਅਹੁਦਿਆਂ ਨੂੰ ਰਣਨੀਤਕ ਤੌਰ 'ਤੇ ਸੁਰਜੀਤ ਕਰਨ ਦੀਆਂ ਵਿਆਪਕ ਪ੍ਰਸ਼ਾਸਨਿਕ ਤਜਵੀਜ਼ਾਂ ਨੂੰ ਅਧਿਕਾਰਤ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ਏ। ਇਸ ਕਦਮ ਦਾ ਉਦੇਸ਼ ਜਨਤਕ ਸੇਵਾਵਾਂ ਵਿੱਚ ਵੱਡਾ ਸੁਧਾਰ ਕਰਨਾ ਅਤੇ ਸੰਸਥਾਗਤ ਰੁਜ਼ਗਾਰ ਪੈਦਾ ਕਰਨਾ ਏ। ਚੰਡੀਗੜ੍ਹ ਚ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹਨਾਂ ਦੋਵਾਂ ਪ੍ਰਸ਼ਾਸਨਿਕ ਪ੍ਰਵਾਨਗੀਆਂ ਦੇ ਵੇਰਵੇ ਸਾਂਝੇ ਕਰਦਿਆਂ ਖਜ਼ਾਨਾ ਮੰਤਰੀ ਨੇ ਦੱਸਿਆ ਕਿ ਇਹ ਉਪਾਅ ਵਿਸ਼ੇਸ਼ ਤੌਰ 'ਤੇ ਪੰਜਾਬ ਭਰ ਵਿੱਚ ਜ਼ਮੀਨੀ ਪੱਧਰ 'ਤੇ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਵਪਾਰਕ ਪ੍ਰਸ਼ਾਸਨ ਨੂੰ ਸਥਿਰ ਕਰਨ ਲਈ ਤਿਆਰ ਕੀਤੇ ਗਏ ਹਨ। ਇਸ ਨਾਲ ਇਹ ਯਕੀਨੀ ਬਣਾਇਆ ਜਾਵੇਗਾ ਕਿ ਸਖ਼ਤ ਵਿੱਤੀ ਅਨੁਸ਼ਾਸਨ ਬਣਾਈ ਰੱਖਣ ਦੇ ਨਾਲ-ਨਾਲ ਜਨਤਾ ਨਾਲ ਸਿੱਧਾ ਸਬੰਧ ਰੱਖਣ ਵਾਲੀਆਂ ਜ਼ਰੂਰੀ ਸੇਵਾਵਾਂ ਵਿੱਚ ਸਟਾਫ਼ ਦੀ ਕੋਈ ਕਮੀ ਨਾ ਰਹੇ। ਨਵੇਂ ਪ੍ਰਵਾਨਿਤ ਢਾਂਚੇ ਤਹਿਤ ਮਲਟੀਪਰਪਜ਼ ਹੈਲਥ ਵਰਕਰ (ਮਹਿਲਾ) ਦੀਆਂ ਗਰੁੱਪ-ਸੀ ਦੀਆਂ 619 ਅਸਾਮੀਆਂ ਭਰੀਆਂ ਜਾਣਗੀਆਂ।

---------------------------------------------------

ਬਰਾਈਟ ਮਾਈਂਡਜ਼ ਪੰਜਾਬ-2026 ਤਹਿਤ ਅੱਜ ਲੁਧਿਆਣਾ ਦੇ ਗੁਰੂ ਨਾਨਕ ਦੇਵ ਭਵਨ ਵਿਖੇ ਇੱਕ ਪ੍ਰੇਰਣਾਦਾਇਕ ਸਮਾਰੋਹ ਕਰਵਾਇਆ

ਗਿਆ। ਇਸ ਸਮਾਗਮ ਵਿੱਚ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਸਿੱਧਾ ਸੰਵਾਦ ਸਥਾਪਿਤ ਕਰਨਾ ਅਤੇ ਸਿੱਖਿਆ ਪ੍ਰਣਾਲੀ ਵਿੱਚ ਹੋ ਰਹੇ ਬਦਲਾਅ ਅਤੇ ਸੁਧਾਰਾਂ ਬਾਰੇ ਵਿਚਾਰ-ਵਟਾਂਦਰਾ ਕਰਨਾ ਸੀ। ਇਸ ਮੌਕੇ 12ਵੀਂ ਜਮਾਤ ਵਿੱਚ 95 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਵਿਦਿਆਰਥੀ ਸਿਰਫ਼ ਆਪਣੇ ਪਰਿਵਾਰਾਂ ਲਈ ਹੀ ਨਹੀਂ, ਸਗੋਂ ਪੰਜਾਬ ਅਤੇ ਦੇਸ਼ ਦਾ ਭਵਿੱਖ ਵੀ ਨੇ । ਸਿੱਖਿਆ ਮੰਤਰੀ ਨੇ ਦੱਸਿਆ ਕਿ ਇਸ ਸਮਾਗਮ ਦੌਰਾਨ ਵਿਦਿਆਰਥੀਆਂ ਨਾਲ ਖੁੱਲ੍ਹੀ ਗੱਲਬਾਤ ਕਰਕੇ ਪ੍ਰੀਖਿਆ ਪ੍ਰਣਾਲੀ, ਪਾਠਕ੍ਰਮ ਅਤੇ ਪੜ੍ਹਾਈ ਦੇ ਢੰਗਾਂ ਬਾਰੇ ਸੁਝਾਅ ਮੰਗੇ ਹਨ। ਉਨ੍ਹਾਂ ਨੇ ਦੱਸਿਆ ਕਿ ਅਗਲੇ ਮਹੀਨੇ ਤੋਂ ਸੂਬੇ ਦੇ ਸਾਰੇ ਸਕੂਲਾਂ ਵਿੱਚ ਏ.ਆਈ ਪਾਠਕ੍ਰਮ ਜਾਰੀ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਨੇ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਵੱਡੀ ਪ੍ਰਗਤੀ ਕਰਦਿਆਂ ਕੇਰਲਮ ਨੂੰ ਪਿੱਛੇ ਛੱਡਦੇ ਹੋਏ ਭਾਰਤ ਦੇ ਸਿੱਖਿਆ ਸੂਚਕ ਅੰਕ ਵਿੱਚ ਸਿਖਰਲੇ ਸਥਾਨ 'ਤੇ

ਪਹੁੰਚ ਗਿਆ ਏ । ਇਹ ਉਪਲੱਬਧੀ ਸਾਰੇ ਅਧਿਆਪਕਾਂ, ਵਿਦਿਆਰਥੀਆਂ ਅਤੇ ਸਰਕਾਰ ਦੀ ਸਾਂਝੀ ਮਿਹਨਤ ਦਾ ਨਤੀਜਾ ਏ ।

--------------------------------------------------------

ਓਲੰਪੀਅਨ ਸੁਰਜੀਤ ਹਾਕੀ ਸੋਸਾਇਟੀ ਨੇ ਜਲੰਧਰ ਦੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੂੰ ਸੋਸਾਇਟੀ ਦਾ ਸਰਪ੍ਰਸਤ ਨਿਯੁਕਤ ਕੀਤਾ ਏ । ਸੋਸਾਇਟੀ ਮੈਂਬਰਾਂ ਨੇ ਅੱਜ ਕਮਿਸ਼ਨਰ ਨੂੰ ਸਰਪ੍ਰਸਤ ਦਾ ਨਿਯੁਕਤੀ ਪੱਤਰ ਸੌਂਪਿਆ। ਪੁਲਿਸ ਕਮਿਸ਼ਨਰ ਨੇ ਸੋਸਾਇਟੀ ਦੇ ਮੈਂਬਰਾਂ ਨੂੰ ਸੋਸਾਇਟੀ ਅਤੇ ਹਾਕੀ ਦੀ ਖੇਡ ਦੇ ਵਿਕਾਸ ਲਈ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ ਏ ।

--------------------------------------------------------

ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਕੌਮਾਂਤਰੀ ਹਵਾਈ ਅੱਡੇ 'ਤੇ ਸੋਨੇ ਦੀ ਤਸਕਰੀ ਦੇ ਮਾਮਲੇ ਦਾ ਪਰਦਾਫਾਸ਼ ਹੋਇਆ ਏ । ਮਾਲੀਆ ਖੁਫੀਆ ਡਾਇਰੈਕਟੋਰੇਟ -DRI ਅੰਮ੍ਰਿਤਸਰ ਅਤੇ ਕਸਟਮ ਵਿਭਾਗ ਦੀ ਇੱਕ ਸਾਂਝੀ ਟੀਮ ਨੇ ਇੱਕ ਵੱਡੀ ਕਾਰਵਾਈ ਕਰਦਿਆਂ ਸ਼ਾਰਜਾਹ ਤੋਂ ਆਉਣ ਵਾਲੇ ਇੱਕ ਮੁਸਾਫ਼ਰ ਨੂੰ ਗ੍ਰਿਫ਼ਤਾਰ ਕੀਤਾ। ਸ਼ੱਕ ਦੇ ਆਧਾਰ 'ਤੇ, ਉਸਨੂੰ ਰੋਕਿਆ ਗਿਆ ਅਤੇ ਐਕਸ-ਰੇ ਸਕੈਨਿੰਗ ਅਤੇ ਪੂਰੀ ਤਲਾਸ਼ੀ ਲਈ ਗਈ। ਜਾਂਚ ਦੌਰਾਨ, ਮੁਸਾਫ਼ਰ ਤੋਂ 174 ਗ੍ਰਾਮ ਸੋਨੇ ਦੀ ਪੇਸਟ ਬਰਾਮਦ ਕੀਤੀ ਗਈ। ਸੋਨੇ ਨੂੰ ਵੱਖ ਕਰਨ ਤੋਂ ਬਾਅਦ, ਇਸਦਾ ਭਾਰ 150.04

ਗ੍ਰਾਮ ਪਾਇਆ ਗਿਆ, ਜਿਸਦੀ ਅਨੁਮਾਨਿਤ ਕੀਮਤ  22 ਲੱਖ 5 ਹਜ਼ਾਰ 588 ਏ । ਕਸਟਮ ਅਤੇ DRI ਟੀਮਾਂ ਮਾਮਲੇ ਦੀ ਜਾਂਚ ਕਰ ਰਹੀਆਂ ਨੇ ।

---------------------------------------------------------

ਦਿੱਲੀ ਪੁਲਿਸ ਦੇ ਵਿਸ਼ੇਸ਼ ਸੈੱਲ ਨੇ ISI ਦੀ ਹਮਾਇਤ ਵਾਲੇ ਅੰਤਰ-ਰਾਜੀ ਦਹਿਸ਼ਤਗਰਦੀ ਅਤੇ ਹਥਿਆਰਾਂ ਦੇ ਨੈੱਟਵਰਕ 'ਤੇ ਕਾਰਵਾਈ ਕਰਦਿਆਂ, ਚਾਰ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਏ। ਪੁਲਿਸ ਨੇ ਦੱਸਿਆ ਕਿ ਮੁਲਜ਼ਮ, ISI ਹੈਂਡਲਰ ਸ਼ਹਿਜ਼ਾਦ ਭੱਟੀ ਅਤੇ ਉਸਦੇ ਸਾਥੀਆਂ ਦੇ ਇਸ਼ਾਰੇ 'ਤੇ ਰਾਸ਼ਟਰੀ ਰਾਜਧਾਨੀ ਵਿੱਚ ਦਹਿਸ਼ਤਗਰਦ ਗਤੀਵਿਧੀਆਂ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਹੇ ਸਨ। ਕਾਰਵਾਈ ਦੌਰਾਨ, ਦੋ ਵਿਦੇਸ਼ੀ ਪਿਸਤੌਲ, 9 ਅਣਚਲੇ ਕਾਰਤੂਸ ਅਤੇ ਪੰਜ ਮੋਬਾਈਲ ਫੋਨ ਬਰਾਮਦ ਕੀਤੇ ਗਏ ਨੇ। ਡਿਪਟੀ ਕਮਿਸ਼ਨਰ ਆਫ਼ ਪੁਲਿਸ, ਪ੍ਰਵੀਨ ਕੁਮਾਰ ਤ੍ਰਿਪਾਠੀ ਨੇ ਦੱਸਿਆ ਕਿ, ਮੁਲਜ਼ਮ ਗ੍ਰਿਫ਼ਤਾਰੀ ਤੋਂ ਬਚਣ ਲਈ ਵਿਦੇਸ਼ੀ ਨੰਬਰਾਂ ਦੀ ਵਰਤੋਂ ਕਰ ਰਹੇ ਸਨ। ਸ੍ਰੀ ਤ੍ਰਿਪਾਠੀ ਨੇ ਦੱਸਿਆ ਕਿ ਪੰਜਾਬ ਦੇ ਇੱਕ ਮੁਲਜ਼ਮ ਨੂੰ ਦਿੱਲੀ ਵਿੱਚ ਧਾਰਮਿਕ ਸਥਾਨਾਂ ਅਤੇ ਪੁਲਿਸ ਅਦਾਰਿਆਂ ਦੀ ਰੇਕੀ ਕਰਨ ਦਾ ਕੰਮ ਸੌਂਪਿਆ ਗਿਆ ਸੀ। ਉਨ੍ਹਾਂ ਨੇ ਇਹ ਵੀ ਦੱਸਿਆ ਕਿ, ਉਸ ਨੂੰ ਸ਼ਹਿਰ ਵਿੱਚ ਗੋਲੀਬਾਰੀ ਦੀ ਘਟਨਾ ਨੂੰ ਅੰਜਾਮ ਦੇਣ ਦਾ ਵੀ ਕੰਮ ਦਿੱਤਾ ਗਿਆ ਸੀ।

----------------------------------------------------

ਰੂਪਨਗਰ ਜ਼ਿਲੇ ਦੀ ਹੱਦ ਅੰਦਰ ਆਉਂਦੇ ਸਤਲੁਜ ਦਰਿਆ, ਹੋਰ ਸਾਰੀਆਂ ਨਦੀਆਂ, ਨਹਿਰਾਂ ਅਤੇ ਸੂਇਆਂ ਵਿੱਚ ਬੱਚਿਆਂ ਅਤੇ ਆਮ ਲੋਕਾਂ ਦੇ ਨਹਾਉਣ, ਤੈਰਨ ਅਤੇ ਇਨ੍ਹਾਂ ਦੇ ਕਿਨਾਰਿਆਂ 'ਤੇ ਘੁੰਮਣ 'ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਨੇ । ਜ਼ਿਲ੍ਹਾ ਮੈਜਿਸਟਰੇਟ ਅਦਿੱਤਿਆ ਡੇਚਲਵਾਲ ਨੇ ਦੱਸਿਆ ਕਿ ਮਾਨਸੂਨ ਦੇ ਮੌਸਮ ਅਤੇ ਗਰਮੀ ਤੋਂ ਰਾਹਤ ਲੈਣ ਲਈ ਬੱਚੇ ਅਤੇ ਆਮ ਲੋਕ ਅਕਸਰ ਆਪਣੇ ਨੇੜਲੇ ਸਤਲੁਜ ਦਰਿਆ, ਹੋਰ ਨਦੀਆਂ, ਨਹਿਰਾਂ ਅਤੇ ਸੂਇਆਂ ਵਿੱਚ ਨਹਾਉਣ ਜਾਂ ਤੈਰਨ ਲਈ ਚਲੇ ਜਾਂਦੇ ਹਨ। ਪਰ ਇਨ੍ਹਾਂ ਦਿਨਾਂ ਪਹਾੜੀ ਇਲਾਕਿਆਂ ਵਿੱਚ ਹੋ ਰਹੀ ਭਾਰੀ ਬਰਸਾਤ ਕਾਰਨ ਕਿਸੇ ਵੀ ਸਮੇਂ ਪਾਣੀ ਦਾ ਪੱਧਰ ਅਚਾਨਕ ਵੱਧ ਸਕਦਾ ਏ । ਉਨ੍ਹਾਂ ਦੱਸਿਆ ਕਿ ਅਜਿਹੀ ਸਥਿਤੀ ਵਿੱਚ ਨਹਾਉਣ ਜਾਂ ਤੈਰਨ ਲਈ ਜਾਣ ਵਾਲੇ ਬੱਚਿਆਂ ਅਤੇ ਆਮ ਲੋਕਾਂ ਨੂੰ ਦਰਿਆਵਾਂ, ਨਹਿਰਾਂ ਅਤੇ ਸੂਇਆਂ ਦੀ ਡੂੰਘਾਈ ਅਤੇ ਪਾਣੀ ਦੇ ਤੇਜ਼ ਵਹਾਅ ਦਾ ਸਹੀ ਅੰਦਾਜ਼ਾ ਨਹੀਂ ਹੁੰਦਾ, ਜਿਸ ਕਾਰਨ ਡੁੱਬਣ ਵਰਗੇ ਹਾਦਸਿਆਂ ਦਾ ਗੰਭੀਰ ਖ਼ਤਰਾ ਬਣਿਆ ਰਹਿੰਦਾ ਏ ।

ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਸਤਲੁਜ ਦਰਿਆ, ਹੋਰ ਨਦੀਆਂ, ਨਹਿਰਾਂ ਅਤੇ ਸੂਇਆਂ ਵਿੱਚ ਨਹਾਉਣ, ਤੈਰਨ ਅਤੇ ਇਨ੍ਹਾਂ ਦੇ ਕਿਨਾਰਿਆਂ 'ਤੇ ਘੁੰਮਣ 'ਤੇ ਪਾਬੰਦੀ ਲਗਾਉਣੀ

ਜ਼ਰੂਰੀ ਸਮਝੀ ਗਈ ਏ। ਉਨ੍ਹਾਂ ਦੱਸਿਆ ਕਿ ਇਹ ਹੁਕਮ ਅੱਜ ਤੋਂ 2 ਸਤੰਬਰ ਤੱਕ ਲਾਗੂ ਰਹਿਣਗੇ।

-----------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਕਪੂਰਥਲਾ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਸਾਇੰਸ ਮਾਸਟਰ- ਤੇ ਕਾਨੂੰਨੀ ਸਲਾਹਕਾਰ ਪਰਮਜੀਤ ਸਿੰਘ ਨੂੰ ਸਤਿੰਦਰ ਬੀਰ ਸਿੰਘ ਦੀ ਫਰਮ 'ਐਜੂਰਾਈਜ਼ ਐਂਟਰਪ੍ਰਾਈਜ਼' ਨੂੰ ਸਾਈਕੋ-ਮੈਟ੍ਰਿਕ ਟੈਸਟਿੰਗ ਅਲਾਟ ਕਰਨ ਬਦਲੇ ਰਿਸ਼ਵਤ ਦੀ ਮੰਗ ਕਰਨ ਦੇ ਇਲਜ਼ਾਮ ਹੇਠ ਗ੍ਰਿਫ਼ਤਾਰ ਕੀਤਾ ਏ।

ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਸੇਵਾਮੁਕਤ ਜ਼ਿਲ੍ਹਾ ਸਿੱਖਿਆ ਅਧਿਕਾਰੀ ਸਤਿੰਦਰ ਬੀਰ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੀ ਪੜਤਾਲ ਤੋਂ ਪਤਾ ਲੱਗਾ ਕਿ ਸ਼ਿਕਾਇਤਕਰਤਾ ਨੇ ਆਪਣੀ ਸੇਵਾਮੁਕਤੀ ਤੋਂ ਬਾਅਦ ਸਕੂਲੀ ਵਿਦਿਆਰਥੀਆਂ ਲਈ ਸਾਈਕੋਮੈਟ੍ਰਿਕ ਟੈਸਟ ਕਰਵਾਉਣ ਲਈ ਅੰਮ੍ਰਿਤਸਰ ਵਿੱਚ ਐਜੂਰਾਈਜ਼ ਐਂਟਰਪ੍ਰਾਈਜ਼ ਨਾਮ ਦੀ ਕੰਪਨੀ ਸ਼ੁਰੂ ਕੀਤੀ ਸੀ। ਸ਼ਿਕਾਇਤਕਰਤਾ ਨੇ ਆਪਣੀ ਕੰਪਨੀ ਦੀ ਫਾਈਲ ਜ਼ਿਲ੍ਹਾ ਸਿੱਖਿਆ ਅਫ਼ਸਰ ਕਪੂਰਥਲਾ ਨੂੰ ਸੌਂਪੀ ਸੀ। ਇਸ ਤੋਂ ਬਾਅਦ, ਜ਼ਿਲ੍ਹਾ ਸਿੱਖਿਆ ਅਫ਼ਸਰ  ਦੇ ਦਫ਼ਤਰ ਵਿੱਚ ਤਾਇਨਾਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਕਪੂਰਥਲਾ ਦੇ ਕਾਨੂੰਨੀ ਸਲਾਹਕਾਰ ਪਰਮਜੀਤ ਸਿੰਘ ਨੇ ਕਥਿਤ ਤੌਰ 'ਤੇ ਪ੍ਰਤੀ

ਵਿਦਿਆਰਥਣ 200 ਰੁਪਏ ਰਿਸ਼ਵਤ ਦੀ ਮੰਗ ਕੀਤੀ, ਜਿਸ ਨੂੰ ਬਾਅਦ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਹਵਾਲੇ ਨਾਲ ਘਟਾ ਕੇ 150 ਰੁਪਏ ਪ੍ਰਤੀ ਵਿਦਿਆਰਥਣ ਕਰ ਦਿੱਤਾ ਗਿਆ। ਸ਼ਿਕਾਇਤਕਰਤਾ ਵੱਲੋਂ ਪੇਸ਼ ਕੀਤੀਆਂ ਗਈਆਂ ਰਿਕਾਰਡਿੰਗਜ਼ ਅਨੁਸਾਰ, ਮੁਲਜ਼ਮ ਖਿਲਾਫ ਇਲਜ਼ਾਮ ਸੱਚ ਪਾਏ ਗਏ। ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਸਟੇਸ਼ਨ ਜਲੰਧਰ ਵਿਖੇ ਮਾਮਲਾ ਦਰਜ ਕੀਤਾ ਗਿਆ ਏ।

--------------------------------------------------------

ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਮਾਨਸੂਨ ਦੀ ਸਮੇਂ ਤੋਂ ਪਹਿਲਾਂ ਆਮਦ ਨਾਲ ਵੱਧ ਤੋਂ ਵੱਧ ਤਾਪਮਾਨ ਵਿੱਚ ਭਾਰੀ ਗਿਰਾਵਟ ਦਰਜ ਕੀਤੀ ਗਈ ਏ, ਜਿਸ ਨਾਲ ਲੋਕਾਂ ਨੂੰ ਗਰਮੀ ਤੋਂ ਕਾਫ਼ੀ ਰਾਹਤ ਮਿਲੀ ਏ। ਦੋਵੇਂ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਦੇਰ ਰਾਤ ਅਤੇ ਅੱਜ ਤੜਕੇ ਪਏ ਮੀਂਹ ਕਾਰਨ ਬਿਜਲੀ ਦੀ ਮੰਗ ਵਿੱਚ ਵੀ ਤੇਜ਼ੀ ਨਾਲ ਕਮੀ ਆਈ ਏ। ਪਾਰਾ ਹੇਠਾਂ ਡਿੱਗਣ ਨਾਲ ਅੱਜ ਸਵੇਰੇ ਹਰਿਆਣਾ ਦਾ ਨਾਰਨੌਲ 18 ਡਿਗਰੀ ਸੈਲਸੀਅਸ ਦੇ ਘੱਟੋ-ਘੱਟ ਤਾਪਮਾਨ ਨਾਲ ਖੇਤਰ ਦਾ ਸਭ ਤੋਂ ਠੰਢਾ ਸ਼ਹਿਰ ਰਿਹਾ। ਇਵੇਂ ਹੀ ਪੰਜਾਬ ਦਾ ਬਠਿੰਡਾ ਵਿਚ ਘੱਟੋ-ਘੱਟ ਤਾਪਮਾਨ 20.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸੇ ਦੌਰਾਨ ਮੌਸਮ ਵਿਭਾਗ ਨੇ ਅੱਜ

ਤੋਂ 7 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ ਭਾਰੀ ਬਾਰਿਸ਼ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ।

---------------------------------------------------

- ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਕਿਹਾ -ਪ੍ਰਧਾਨ ਮੰਤਰੀ ਨਰੇਂਦਰ ਮੋਦੀ ਜਲਦੀ ਹੀ ਪੰਜਾਬ ਦਾ ਦੌਰਾ ਕਰਨਗੇ।

- ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ ਨੇ ਕਿਹਾ -ਸੂਬੇ ਵਿੱਚ ਪਹਿਲੀ ਜੁਲਾਈ ਤੱਕ, 97.44 ਫੀਸਦ ਗਣਨਾ ਫਾਰਮਾਂ ਦੀ ਵੰਡ ਮੁਕੰਮਲ ਹੋਈ।

- ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਰਾਸ਼ਟਰੀ ਡਾਕਟਰ ਦਿਵਸ ਨੂੰ ਸਮਰਪਿਤ ਪਹਿਲੇ ਸੂਬਾ ਪੱਧਰੀ ਸਨਮਾਨ ਸਮਾਰੋਹ 'ਚ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਦੇ ਡਾਕਟਰਾਂ ਅਤੇ ਅਧਿਕਾਰੀਆਂ ਨੂੰ ਕੀਤਾ ਸਨਮਨਿਤ।

- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਬਰਾਈਟ ਮਾਈਂਡਜ਼ ਪੰਜਾਬ-2026 ਤਹਿਤ ਲੁਧਿਆਣਾ ਵਿੱਚ ਵਿਦਿਆਰਥੀਆਂ ਨਾਲ

ਕੀਤਾ ਸਿੱਧਾ ਸੰਵਾਦ-ਕਿਹਾ ਸੂਬੇ ਵਿੱਚ ਜਲਦ ਹੀ AI-ਪਾਠਕ੍ਰਮ ਸ਼ੁਰੂ ਹੋਵੇਗਾ।

- ਮੌਸਮ ਵਿਭਾਗ ਵਲੋਂ ਅੱਜ ਤੋਂ 7 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ ਭਾਰੀ ਬਾਰਿਸ਼ ਬਾਰੇ ਯੈਲੋ ਅਲਰਟ ਜਾਰੀ -ਪੰਜਾਬ 'ਚ ਕਈ ਥਾਵਾਂ 'ਤੇ ਮੀਂਹ ਪਿਆ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸ਼ਾਮੀ 7.30 ਵਜੇ ਨਮਸਕਾਰ** !